ਡਿਪਟੀ ਕਮਿਸ਼ਨਰ ਨੇ ਅਨਾਜ ਮੰਡੀ ਤਰਨਤਾਰਨ ਵਿਖੇ ਪਹੁੰਚ ਕੇ ਸ਼ੁਰੂ ਕਰਵਾਈ ਝੋਨੇ ਦੀ ਸਰਕਾਰੀ ਖਰੀਦ

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲੱਗਭੱਗ 8 ਲੱਖ 42 ਹਜ਼ਾਰ ਮੀਟਿਰਿਕ ਟਨ ਝੋਨਾ ਆਉਣ ਦੀ ਸੰਭਾਵਨਾ

ਝੋਨੇ ਦੀ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਲਈ ਬਣਾਏ ਗਏ 56 ਖਰੀਦ ਕੇਂਦਰ

ਸਰਕਾਰੀ ਖਰੀਦ ਦੇ ਮਾਪਦੰਡਾਂ ਤੇ ਪੂਰੇ ਉਤਰਦੇ ਝੋਨੇ ਦੀ ਖਰੀਦ ਤੁਰੰਤ ਯਕੀਨੀ ਬਣਾਉਣ ਲਈ ਖਰੀਦ ਏਜੰਸੀਆਂ ਨੂੰ ਆਦੇਸ਼

ਤਰਨਤਾਰਨ, 1 ਅਕਤੂਬਰ :

ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਅਨਾਜ ਮੰਡੀ ਤਰਨਤਾਰਨ ਵਿਖੇ ਪਹੁੰਚ ਕੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ।ਇਸ ਮੌਕੇ  ਐੱਸ. ਡੀ. ਐੱਮ. ਤਰਨਤਾਰਨ ਡਾ. ਅਮਨਦੀਪ ਕੌਰ, ਡੀ. ਅੱੈਫ. ਐਸ. ਸੀ. ਸ੍ਰੀ ਨਿਰਮਲ ਸਿੰਘ, ਜ਼ਿਲਾ ਮੰਡੀ ਅਫ਼ਸਰ ਸ੍ਰ. ਪਾਲ ਸਿੰਘ, ਜ਼ਿਲਾ ਮੈਨਜਰ ਮਾਰਕਫੈੱਡ ਸ੍ਰ. ਇੰਦਰਜੀਤ ਸਿੰਘ, ਜ਼ਿਲਾ ਮੈਨਜਰ ਪਨਸਪ ਸ੍ਰ. ਗੁਰਿੰਦਰ ਸਿੰਘ, ਜ਼ਿਲਾ ਮੈਨਜਰ ਵਅਰ ਹਾਉੂਸ ਸ੍ਰ. ਕਰੁਣਦੀਪ ਸਿੰਘ, ਪੰਜਾਬ ਐਗਰੋ ਜ਼ਿਲਾ ਮੈਨਜਰ ਸ੍ਰ. ਇੰਦਰਦੀਪ ਸਿੰਘ, ਜ਼ਿਲਾ ਮੈਨਜਰ ਐੱਫ. ਸੀ. ਆਈ. ਸ੍ਰੀ ਕ੍ਰਿਸ਼ਨ ਕੁਮਾਰ ਤੋਂ ਇਲਾਵਾ ਡਾ. ਸੰਦੀਪ ਅਗਨੀਹੋਤਰੀ, ਸ੍ਰੀ ਕਸ਼ਮੀਰ ਸਿੰਘ ਸਿੱਧੂ ਭੋਲਾ, ਫੈਡਰੇਸ਼ਨ ਆਫ਼ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ. ਕਰਨੈਲ ਸਿੰਘ ਦੇਉੂ, ਜਨਰਲ ਸਕੱਤਰ ਸ੍ਰੀ ਅਵਤਾਰ ਸ਼ਰਮਾ, ਖਜਾਨਚੀ ਸ੍ਰ. ਦਵਿੰਦਰ ਸਿੰਘ ਬਿੱਟੂ, ਸ੍ਰ. ਬਲਜੀਤ ਸਿੰਘ ਚੰਦ, ਸ੍ਰ. ਸਰੂਪ ਸਿੰਘ ਬਾਠ, ਸ੍ਰ. ਮਨਿੰਦਰਪਾਲ ਐਮ. ਪੀ., ਸ੍ਰ. ਮਨਜਿੰਦਰ ਸਿੰਘ ਪਲਾਸੌਰ, ਸ੍ਰ. ਮਾਣ ਸਿੰਘ, ਸ੍ਰੀ ਯਸ਼ਪਾਲ ਸ਼ਰਮਾ, ਸ੍ਰ. ਗੁਰਮਿੰਦਰ ਸਿੰਘ ਰਟੌਲ, ਸ੍ਰੀ ਮੰਗਲ ਦਾਸ ਮੁਨੀਮ, ਸ੍ਰ. ਸੁਖਵਿੰਦਰ ਸਿੰਘ ਸੁੱਖ, ਸ੍ਰ. ਲੱਖਾ ਸਿੰਘ ਢੋਟੀਆ, ਸ੍ਰ. ਬਲਵੰਤ ਸਿੰਘ ਚੌਧਰੀ, ਸ੍ਰ. ਗੁਰਬਚਨ ਸਿੰਘ ਬਾਜਵਾ ਆਦਿ ਹਾਜ਼ਰ ਸਨ।



ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿਛਲੇ ਸਾਲ ਜ਼ਿਲ੍ਹਾ ਤਰਨਤਾਰਨ ਦੀਆਂ ਮੰਡੀਆਂ ਵਿੱਚੋਂ ਕੁੱਲ 5 ਲੱਖ 88 ਹਜ਼ਾਰ 970 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਸੀ ਅਤੇ ਇਸ ਸਾਲ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲੱਗਭੱਗ 8 ਲੱਖ 42 ਹਜ਼ਾਰ ਮੀਟਿਰਿਕ ਟਨ ਝੋਨਾ ਆਉਣ ਦੀ ਸੰਭਾਵਨਾ ਹੈ।ਉਹਨਾਂ ਦੱਸਿਆ ਕਿ ਇਸ ਸਾਲ ਝੋਨੇ ਦੀ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਦਿਆਂ ਜ਼ਿਲ੍ਹਾ ਤਰਨਤਾਰਨ ਵਿੱਚ 56 ਖਰੀਦ ਕੇਂਦਰ ਬਣਾਏ ਗਏ ਹਨ।ਉਹਨਾਂ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਦਿੱਕਤ ਨਾ ਆਵੇ ਇਸ ਲਈ ਮਾਰਕੀਟ ਕਮੇਟੀਆਂ ਵਿੱਚ ਝਗੜਾ ਨਿਪਟਾਊ ਕਮੇਟੀਆਂ ਗਠਿਤ ਕੀਤੀਆਂ ਗਈਆਂ ਹਨ।

ਉਹਨਾਂ ਨੇ ਕਿਸਾਨਾਂ ਨੂੰ ਦੱਸਿਆ ਅਪੀਲ ਕੀਤੀ ਕਿ ਉਹ ਕੇਵਲ ਪੂਰੇ ਪੱਕੇ ਹੋਏ ਝੋਨੇ ਦੀ ਹੀ ਕਟਾਈ ਕਰਵਾਉਣ, ਹਰਾ ਅਤੇ ਨਮੀ ਵਾਲਾ ਝੋਨਾ ਨਾ ਕਟਾਉਣ ਤਾਂ ਕਿ ਉਹਨਾਂ ਨੂੰ ਮੰਡੀਆਂ ਵਿੱਚ ਆਪਣਾ ਝੋਨਾ ਵੇਚਣ ਵਿੱਚ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਹਨਾਂ ਦੱਸਿਆ ਕਿ ਜਿਲ੍ਹੇ ਭਰ ਵਿੱਚ ਸ਼ਾਮ 7 ਵਜੇ ਤੋਂ ਲੈ ਕੇ ਸਵੇਰੇ 9 ਵਜੇ ਤੱਕ ਕੰਬਾਇਨ ਚਲਾਉਣ ਤੇ ਪਾਬੰਦੀ ਲਗਾਈ ਗਈ ਹੈ।ਉਹਨਾਂ ਦੱਸਿਆ ਕਿ ਜਿਲ੍ਹਾ ਮੰਡੀ ਅਫਸਰ ਨੂੰ ਹਦਾਇਤ ਕੀਤੀ ਗਈ ਹੈ ਕਿ ਮੰਡੀ ਵਿੱਚ ਆਉਣ ਵਾਲੇ ਝੋਨੇ ਦੀ ਮੰਡੀ ਦੇ ਗੇਟ 'ਤੇ ਹੀ ਮੌਸ਼ਚਰ ਮੀਟਰ ਲੈ ਕੇ ਝੋਨੇ ਦੀ ਨਮੀ ਚੈੱਕ ਕੀਤੀ ਜਾਵੇ ਅਤੇ ਜ਼ਿਆਦਾ ਨਮੀ ਵਾਲਾ ਝੋਨਾ ਮੰਡੀ ਅੰਦਰ ਲਾਉਣ ਦੀ ਇਜ਼ਾਜਤ ਨਾ ਦਿੱਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਲ੍ਹਾ ਤਰਨਤਾਰਨ ਦੇ ਸਾਰੇ ਖਰੀਦ ਕੇਂਦਰਾਂ ਵਿੱਚ ਸਫਾਈ, ਪਾਣੀ, ਬਿਜਲੀ ਅਤੇ ਬਾਰਦਾਨੇ ਸਬੰਧੀ ਪੂਰੇ ਪ੍ਰਬੰਧ ਕੀਤੇ ਗਏ ਹਨ ਅਤੇ ਵੱਖ-ਵੱਖ ਖਰੀਦ ਏਜੰਸੀਆਂ ਨੂੰ ਝੋਨੇ ਦੀ ਖਰੀਦ ਵਾਸਤੇ ਖਰੀਦ ਕੇਂਦਰ ਅਲਾਟ ਕੀਤੇ ਗਏ ਹਨ।ਉਹਨਾਂ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਉਹ ਉਹਨਾਂ ਨੂੰ ਅਲਾਟ ਕੀਤੇ ਗਏ ਖਰੀਦ ਕੇਂਦਰਾਂ ਵਿੱਚ ਹਾਜ਼ਰ ਰਹਿਣ ਅਤੇ ਸਰਕਾਰੀ ਖਰੀਦ ਦੇ ਮਾਪਦੰਡਾਂ ਤੇ ਪੂਰੇ ਉਤਰਦੇ ਝੋਨੇ ਦੀ ਤੁਰੰਤ ਖਰੀਦ ਯਕੀਨੀ ਬਣਾਉਣ।ਉਹਨਾਂ ਦੱਸਿਆ ਕਿ ਕਿਸਾਨਾਂ ਨੂੰ ਖਰੀਦ ਕੀਤੀ ਗਈ ਫਸਲ ਦੀ ਅਦਾਇਗੀ 48 ਘੰਟਿਆਂ ਵਿੱਚ ਕਰਨ ਅਤੇ ਝੋਨੇ ਦੀ ਲਿਫਟਿੰਗ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।

-------------